ਮਲਾਰ ਮਹਲਾ ੪ ਪੜਤਾਲ ਘਰੁ ੩ ੴ ਸਤਿਗੁਰ ਪ੍ਰਸਾਦਿ ॥ ਹਰਿ ਜਨ ਬੋਲਤ ਸ੍ਰੀਰਾਮ ਨਾਮਾ ਮਿਲਿ ਸਾਧਸੰਗਤਿ ਹਰਿ ਤੋਰ ॥੧॥ ਰਹਾਉ ॥ ਹਰਿ ਧਨੁ ਬਨਜਹੁ ਹਰਿ ਧਨੁ ਸੰਚਹੁ ਜਿਸੁ ਲਾਗਤ ਹੈ ਨਹੀ ਚੋਰ ॥੧॥ ਚਾਤ੍ਰਿਕ ਮੋਰ ਬੋਲਤ ਦਿਨੁ ਰਾਤੀ ਸੁਨਿ ਘਨਿਹਰ ਕੀ ਘੋਰ ॥੨॥ ਜੋ ਬੋਲਤ ਹੈ ਮ੍ਰਿਗ ਮੀਨ ਪੰਖੇਰੂ ਸੁ ਬਿਨੁ ਹਰਿ ਜਾਪਤ ਹੈ ਨਹੀ ਹੋਰ ॥ ੩॥ ਨਾਨਕ ਜਨ ਹਰਿ ਕੀਰਤਿ ਗਾਈ ਛੂਟਿ ਗਇਓ ਜਮ ਕਾ ਸਭ ਸੋਰ ॥੪॥੧॥੮॥ {ਪੰਨਾ 1265}

ਪਦ ਅਰਥ:- ਹਰਿ ਜਨ—ਹੇ ਹਰੀ! ਤੇਰੇ ਭਗਤ। ਮਿਲਿ—ਮਿਲ ਕੇ। ਤੋਰ—ਤੇਰੀ।1। ਰਹਾਉ।

ਬਨਜਹੁ—ਵਣਜ ਕਰੋ, ਖ਼ਰੀਦੋ। ਸੰਚਹੁ—ਇਕੱਠਾ ਕਰੋ।1।

ਚਾਤ੍ਰਿਕ—ਪਪੀਹਾ। ਸੁਨਿ—ਸੁਣ ਕੇ। ਘਨਿਹਰ—ਬੱਦਲ। ਘੋਰ—ਘਨਘੋਰ, ਗਰਜ, ਸ਼ੋਰ।2।

ਮ੍ਰਿਗ—ਪਸ਼ੂ। ਮੀਨ—ਮੱਛੀ। ਪੰਖੇਰੂ—ਪੰਛੀ।3।

ਕੀਰਤਿ—ਸਿਫ਼ਤਿ-ਸਾਲਾਹ। ਸੋਰ—ਸ਼ੋਰ, ਰੌਲਾ।4।

ਅਰਥ:- ਹੇ ਹਰੀ! ਤੇਰੇ ਭਗਤ ਤੇਰੀ ਸਾਧ ਸੰਗਤਿ ਵਿਚ ਮਿਲ ਕੇ ਤੇਰਾ ਨਾਮ ਜਪਦੇ ਹਨ।1। ਰਹਾਉ।

ਹੇ ਭਾਈ! (ਤੁਸੀਂ ਭੀ ਸਾਧ ਸੰਗਤਿ ਵਿਚ) ਪਰਮਾਤਮਾ ਦਾ ਨਾਮ-ਧਨ ਵਣਜੋ, ਪ੍ਰਭੂ ਦਾ ਨਾਮ-ਧਨ ਇਕੱਠਾ ਕਰੋ, (ਇਹ ਧਨ ਐਸਾ ਹੈ) ਕਿ ਇਸ ਨੂੰ ਚੋਰ ਚੁਰਾ ਨਹੀਂ ਸਕਦੇ।1।

ਹੇ ਭਾਈ! (ਜਿਵੇਂ) ਪਪੀਹੇ ਤੇ ਮੋਰ ਬੱਦਲਾਂ ਦੀ ਗੜਗੱਜ ਸੁਣ ਕੇ ਦਿਨ ਰਾਤ ਬੋਲਦੇ ਹਨ, (ਤਿਵੇਂ ਤੁਸੀ ਭੀ ਸਾਧ ਸੰਗਤਿ ਵਿਚ ਮਿਲ ਕੇ ਹਰੀ ਦਾ ਨਾਮ ਜਪਿਆ ਕਰੋ)।2।

ਹੇ ਭਾਈ! (ਉਹ ਪਰਮਾਤਮਾ ਐਸਾ ਹੈ ਕਿ) ਪਸ਼ੂ ਪੰਛੀ ਮੱਛੀਆਂ ਆਦਿਕ (ਧਰਤੀ ਉਤੇ ਤੁਰਨ ਫਿਰਨ ਵਾਲੇ, ਪਾਣੀ ਵਿਚ ਰਹਿਣ ਵਾਲੇ, ਆਕਾਸ਼ ਵਿਚ ਉੱਡਣ ਵਾਲੇ ਸਾਰੇ ਹੀ) ਜੋ ਬੋਲਦੇ ਹਨ, ਪਰਮਾਤਮਾ (ਦੀ ਦਿੱਤੀ ਸੱਤਿਆ) ਤੋਂ ਬਿਨਾ (ਕਿਸੇ) ਹੋਰ (ਦੀ ਸੱਤਿਆ ਨਾਲ) ਨਹੀਂ ਬੋਲਦੇ।3।

ਹੇ ਨਾਨਕ! ਜਿਨ੍ਹਾਂ ਭੀ ਹਰਿ-ਸੇਵਕਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, (ਉਹਨਾਂ ਵਾਸਤੇ) ਜਮਦੂਤਾਂ ਦਾ ਸਾਰਾ ਰੌਲਾ ਮੁੱਕ ਗਿਆ (ਉਹਨਾਂ ਨੂੰ ਜਮਦੂਤਾਂ ਦਾ ਕੋਈ ਡਰ ਨਾਹ ਰਹਿ ਗਿਆ)।4।1।8।

ਨੋਟ:- ਪੜਤਾਲ—ਉਹ ਸ਼ਬਦ ਜਿਨ੍ਹਾਂ ਨੂੰ ਗਾਵਣ ਵੇਲੇ ਲਈ ਤਾਲ ਪਰਤਾਣੇ ਪੈਂਦੇ ਹਨ।